# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :22-12-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ ਇਤਿਹਾਸਕ ਮੁਕਤ ਵਪਾਰ ਸਮਝੌਤਾ ਸਫਲਤਾਪੂਰਵਕ ਸਮਾਪਤ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਸਮਝੌਤੇ ਨੇ ਆਉਣ ਵਾਲੇ ਪੰਜ ਸਾਲਾਂ ਵਿੱਚ, ਦੁਵੱਲੇ ਵਪਾਰ ਨੂੰ ਦੁੱਗਣਾ ਕਰਨ ਲਈ ਮੰਚ ਤਿਆਰ ਕੀਤਾ ਏ।
- ਪੰਜਾਬ ਦੇ ਕੈਬਿਨੇਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਇਜ਼ਰਾਈਲ ਦੇ ਮੰਤਰੀ ਨਾਲ ਮੁਲਾਕਾਤ ਕਰਕੇ ਪਾਣੀ ਦੀ ਸੰਭਾਲ ਬਾਰੇ ਉੱਨਤ ਇਜ਼ਰਾਈਲੀ ਤਕਨੀਕਾਂ ਨੂੰ ਅਪਣਾਉਣ 'ਤੇ ਚਰਚਾ ਕੀਤੀ।
- ਚਮਕੌਰ ਸਾਹਿਬ ਵਿਖੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜਾਦਿਆਂ ਅਤੇ ਤਿੰਨ ਪਿਆਰੇਆਂ ਸਮੇਤ 40 ਸਿੰਘਾਂ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਤਿੰਨ ਦਿਨਾਂ ਸ਼ਹੀਦੀ ਜੋੜ ਮੇਲਾ ਅੱਜ ਸਮਾਪਤ ਹੋਇਆ I

- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਉੱਤਰਾਖੰਡ ਸਮੇਤ ਕਈ ਸੂਬਿਆਂ ਵਿੱਚ ਸੀਤ ਲਹਿਰ ਦੀ ਪੇਸ਼ੀਨਗੋਈ ਕੀਤੀ - ਸੰਘਣੀ ਧੁੰਦ ਕਾਰਨ ਕਈ ਉਡਾਣਾਂ ਅਤੇ ਰੇਲਗੱਡੀਆਂ ਪ੍ਰਭਾਵਿਤ ਹੋਈਆਂ।
- ਮਹਿਲਾ ਕ੍ਰਿਕੇਟ ਵਿੱਚ, ਭਾਰਤ ਅਤੇ ਸ੍ਰੀਲੰਕਾ ਦਰਮਿਆਨ ਪੰਜ twenty-twenty ਮੈਚਾਂ ਦੀ ਲੜੀ ਦਾ ਦੂਜਾ ਮੈਚ ਕੱਲ ਨੂੰ ਵਿਸ਼ਾਖਾਪਟਨਮ ਵਿੱਚ ਖੇਡਿਆ ਜਾਵੇਗਾ I

-----------------------------------------------------------------------

ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ ਇਤਿਹਾਸਕ, ਆਸਵੰਦ ਅਤੇ ਦੋਨਾਂ ਮੁਲਕਾਂ ਲਈ ਲਾਭਕਾਰੀ ਮੁਕਤ ਵਪਾਰ ਸਮਝੌਤਾ (FTA) ਸਫਲਤਾਪੂਰਵਕ ਸਮਾਪਤ ਹੋ ਗਿਆ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਨੇ ਅੱਜ ਇਸਦਾ ਐਲਾਨ ਕੀਤਾ। ਸ੍ਰੀ ਮੋਦੀ ਨੇ ਅੱਜ ਸ੍ਰੀ ਲਕਸਨ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਇਸ ਸਮਝੌਤੇ ਲਈ ਗੱਲਬਾਤ ਇਸ ਸਾਲ ਮਾਰਚ ਵਿੱਚ ਸ੍ਰੀ ਲਕਸਨ ਦੀ ਭਾਰਤ ਫੇਰੀ ਦੌਰਾਨ ਸ਼ੁਰੂ ਹੋਈ ਸੀ। ਦੋਵੇਂ ਨੇਤਾ ਸਹਿਮਤ ਹੋਏ ਕਿ 9 ਮਹੀਨਿਆਂ ਦੇ ਰਿਕਾਰਡ ਸਮੇਂ ਵਿੱਚ FTA ਦਾ ਸਮਾਪਤ ਹੋਣਾ ਦੋਵਾਂ ਦੇਸ਼ਾਂ ਵਿਚਕਾਰ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਸਾਂਝੀ ਇੱਛਾ ਅਤੇ ਰਾਜਨੀਤਿਕ ਇੱਛਾ ਸ਼ਕਤੀ ਨੂੰ ਦਰਸਾਉਂਦਾ ਏ।

ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਲਕਸਨ ਨੇ ਇਸ ਫੈਸਲੇ ਦੀ ਸ਼ਲਾਘਾ ਕੀਤੀ । ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ, ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ ਨੇ ਕਿਹਾ ਕਈ FTA ਦੋਵਾਂ ਦੇਸ਼ਾਂ ਵਿਚਕਾਰ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰੇਗਾ, ਬਾਜ਼ਾਰ ਪਹੁੰਚ ਵਧਾਏਗਾ, ਨਿਵੇਸ਼ ਨੂੰ ਵਧਾਏਗਾ ਅਤੇ ਰਣਨੀਤਕ ਸਹਿਯੋਗ ਨੂੰ ਡੂੰਘਾ ਕਰੇਗਾ। BYTE:RNU211225 ਮੰਤਰੀ ਨੇ ਕਿਹਾ ਕਿ ਇਹ ਸਹਿਯੋਗ ਦੋਵਾਂ ਦੇਸ਼ਾਂ ਦੇ ਨਵੀਨਤਾਕਾਰਾਂ, ਉੱਦਮੀਆਂ, ਕਿਸਾਨਾਂ, ਛੋਟੇ ਅਤੇ ਦਰਮਿਆਨੇ ਉੱਦਮਾਂ, ਵਿਦਿਆਰਥੀਆਂ ਅਤੇ ਨੌਜਵਾਨਾਂ ਲਈ ਵੱਖ-ਵੱਖ ਖੇਤਰਾਂ ਵਿੱਚ ਨਵੇਂ ਮੌਕੇ ਪੈਦਾ ਕਰੇਗਾ। BYTE:RNU211225

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ, ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ, ਮੁਕਤ ਵਪਾਰ ਸਮਝੌਤੇ, FTA ਨੇ ਆਉਣ ਵਾਲੇ ਪੰਜ ਸਾਲਾਂ ਵਿੱਚ, ਦੁਵੱਲੇ ਵਪਾਰ ਨੂੰ ਦੁੱਗਣਾ ਕਰਨ ਲਈ ਮੰਚ ਤਿਆਰ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ, ਭਾਰਤ-ਨਿਊਜ਼ੀਲੈਂਡ ਭਾਈਵਾਲੀ, ਨਵੀਆਂ ਉਚਾਈਆਂ 'ਤੇ ਪਹੁੰਚਣ ਜਾ ਰਹੀ ਏ।

---

ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ

ਸਿੰਘ ਮੁੰਡੀਆਂ ਨੇ ਇਜ਼ਰਾਈਲ ਦੇ ਮੰਤਰੀ ਅਤੇ ਇਜ਼ਰਾਇਲੀ ਦੂਤਾਵਾਸ ਵਿਖੇ ਮਿਸ਼ਨ ਡਿਪਟੀ ਹੈੱਡ ਫਾਰੇਸ ਸਾਏਬ ਨਾਲ ਮੁਲਾਕਾਤ ਕੀਤੀ।

ਅੱਜ ਪੰਜਾਬ ਸਿਵਲ ਸਕੱਤਰੇਤ ਵਿਖੇ ਮੀਟਿੰਗ ਦੌਰਾਨ ਪਾਣੀ ਦੀ ਸੰਭਾਲ ਅਤੇ ਸੀਵਰੇਜ ਦੇ ਪਾਣੀ ਦੀ ਮੁੜ ਵਰਤੋਂ ਵਾਲੇ ਖੇਤਰਾਂ ਖ਼ਾਸਕਰ ਰਾਜ ਦੇ ਸ਼ਹਿਰੀ ਖੇਤਰਾਂ ਵਿੱਚ ਵਰਤੋਂ ਲਈ ਉੱਨਤ ਇਜ਼ਰਾਈਲੀ ਤਕਨੀਕਾਂ ਨੂੰ ਅਪਣਾਉਣ 'ਤੇ ਵਿਸਥਾਰ ਵਿਚ  ਚਰਚਾ ਕੀਤੀ ਗਈ। ਕੈਬਨਿਟ ਮੰਤਰੀ ਨੇ ਕਿਹਾ ਕਿ ਤੇਜ਼ੀ ਨਾਲ ਹੋ ਰਹੇ ਸ਼ਹਿਰੀਕਰਨ ਅਤੇ ਨਾਗਰਿਕ ਸੇਵਾਵਾਂ ਦੀ ਵੱਧ ਰਹੀ ਮੰਗ ਦੇ ਮੱਦੇਨਜ਼ਰ ਪਾਏਦਾਰ ਪਾਣੀ ਪ੍ਰਬੰਧਨ ਅਤੇ ਸੋਧੇ ਹੋਏ ਗੰਦੇ ਪਾਣੀ ਦੀ ਕੁਸ਼ਲ ਢੰਗ ਨਾਲ ਮੁੜ ਵਰਤੋਂ ਸੂਬਾ ਸਰਕਾਰ ਦੀਆਂ ਮੁੱਖ ਤਰਜੀਹਾਂ ਹਨ। ਸ੍ਰੀ ਸਾਏਬ ਨੇ ਪਾਣੀ ਦੀ ਕੁਸ਼ਲਤਾ, ਸੋਧੇ ਹੋਏ ਗੰਦੇ ਪਾਣੀ ਦੀ ਮੁੜ ਵਰਤੋਂ ਅਤੇ ਆਧੁਨਿਕ ਸ਼ਹਿਰੀ ਬੁਨਿਆਦੀ ਢਾਂਚੇ ਦੇ ਹੱਲਾਂ ਵਿੱਚ ਇਜ਼ਰਾਈਲ ਦੇ ਵਿਸ਼ਵ-ਪੱਧਰੀ ਮਾਨਤਾ ਪ੍ਰਾਪਤ ਅਭਿਆਸਾਂ ਬਾਰੇ ਵਿਚਾਰ ਸਾਂਝੇ ਕੀਤੇ। ਦੋਵਾਂ ਧਿਰਾਂ ਨੇ ਪੰਜਾਬ ਦੇ ਸ਼ਹਿਰਾਂ ਵਿੱਚ ਅਜਿਹੀਆਂ ਤਕਨੀਕਾਂ ਦੇ ਵਿਹਾਰਕ ਲਾਗੂਕਰਨ ਦੀ ਪੜਚੋਲ ਕਰਨ ਲਈ ਸੰਭਾਵੀ ਤਕਨੀਕੀ ਸਹਿਯੋਗ, ਸੂਚਨਾ ਦਾ ਅਦਾਨ-ਪ੍ਰਦਾਨ ਕਰਨ ਸਣੇ ਭਵਿੱਖੀ ਸ਼ਮੂਲੀਅਤ ’ਤੇ ਵਿਚਾਰ-ਚਰਚਾ ਕੀਤੀ। ਸ੍ਰੀ ਸਾਏਬ ਨੇ ਹਰਦੀਪ ਸਿੰਘ ਮੁੰਡੀਆਂ ਨੂੰ ਇਨ੍ਹਾਂ ਤਕਨਾਲੋਜੀਆਂ ਨੂੰ ਨੇੜਿਉਂ ਦੇਖਣ ਅਤੇ ਡੂੰਘੇ ਸਹਿਯੋਗ ਲਈ ਰਾਹ ਤਲਾਸ਼ਣ ਲਈ

ਇਜ਼ਰਾਈਲ ਦਾ ਦੌਰਾ ਕਰਨ ਦਾ ਸੱਦਾ ਵੀ ਦਿੱਤਾ। ਕੈਬਨਿਟ ਮੰਤਰੀ ਨੇ ਭਰੋਸਾ ਦਿੱਤਾ ਕਿ ਇਜ਼ਰਾਈਲ ਦੀਆਂ ਤਕਨੀਕਾਂ ਨੂੰ ਸੂਬੇ ਦੇ ਵਿਕਾਸ ਲਈ ਅਪਨਾਉਣ ਲਈ ਉਹ ਛੇਤੀ ਹੀ ਇਜ਼ਰਾਈਲ ਦਾ ਦੌਰਾ ਕਰਨਗੇ।

---

ਪੰਜਾਬ ਦੇ ਪਸ਼ੂ ਪਾਲਣ ਵਿਭਾਗ ਨੇ ਮੌਜੂਦਾ ਸਾਲ ਦੌਰਾਨ ਵੱਖ ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਦਰਜ ਕਰਨ ਦੇ ਨਾਲ ਨਾਲ ਹੜ੍ਹਾਂ ਦੌਰਾਨ ਸੂਬੇ ਦੇ ਪਸ਼ੂਧਨ ਦੀ ਸੁਰੱਖਿਆ ਲਈ ਮਿਸਾਲੀ ਕੰਮ ਕੀਤੇ ਹਨ। ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ 12 ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਪਸ਼ੂ-ਧਨ ਨੂੰ ਬਚਾਉਣ ਲਈ ਫੌਰੀ ਅਤੇ ਸਰਗਰਮ ਭੂਮਿਕਾ ਨਿਭਾਈ। ਉਨ੍ਹਾਂ ਦੱਸਿਆ ਕਿ 713 ਪ੍ਰਭਾਵਿਤ ਪਿੰਡਾਂ ਵਿੱਚ 492 ਰੈਪਿਡ-ਰਿਸਪਾਂਸ ਵੈਟਰਨਰੀ ਟੀਮਾਂ ਤਾਇਨਾਤ ਕੀਤੀਆਂ ਗਈਆਂ। ਇਸ ਤੋਂ ਇਲਾਵਾ, 24 ਘੰਟੇ ਐਮਰਜੈਂਸੀ ਗਰਿੱਡ ਸਥਾਪਤ ਕੀਤਾ ਗਿਆ ਅਤੇ 3 ਲੱਖ 19 ਹਜ਼ਾਰ ਤੋਂ ਵੱਧ ਪਸ਼ੂਆਂ ਨੂੰ ਮੁਫਤ ਡਾਕਟਰੀ ਇਲਾਜ ਪ੍ਰਦਾਨ ਕੀਤਾ ਗਿਆ। ਪਸ਼ੂਆਂ ਵਿੱਚ ਗਲਘੋਟੂ ਦੀ ਬਿਮਾਰੀ ਤੋਂ ਬਚਾਅ ਲਈ ਢਾਈ ਲੱਖ ਤੋਂ ਵੱਧ ਪਸ਼ੂਧਨ ਨੂੰ ਮੁਫਤ ਖੁਰਾਕ ਦਿਤੀ ਗਈ। ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬੇ ਦੇ ਪੌਲੀ-ਕਲੀਨਿਕਾਂ ਲਈ 22 ਆਧੁਨਿਕ ਪਸ਼ੂ ਲਿਫਟਰ ਖਰੀਦੇ ਗਏ। ਲੰਪੀ ਸਕਿਨ ਬਿਮਾਰੀ ਤੋਂ

ਬਚਾਅ ਲਈ 24 ਲੱਖ 27 ਹਜ਼ਾਰ ਮੁਫਤ ਖੁਰਾਕਾਂ ਦਾ ਪ੍ਰਬੰਧ ਕੀਤਾ ਗਿਆ । ਉਨ੍ਹਾਂ ਦਸਿਆ ਕਿ ਵਿਭਾਗ ਨੇ ਵਿੱਤੀ ਸਾਲ 2024-25 ਦੌਰਾਨ ਮੱਛੀ ਪਾਲਣ ਪ੍ਰੋਜੈਕਟਾਂ ਲਈ 187 ਲਾਭਪਾਤਰੀਆਂ ਨੂੰ 5 ਕਰੋੜ 82 ਲਖ ਰੁਪਏ ਦੀ ਸਬਸਿਡੀ ਪ੍ਰਦਾਨ ਕੀਤੀ। ਪੇਂਡੂ ਨੌਜਵਾਨਾਂ ਨੂੰ ਡੇਅਰੀ ਹੁਨਰ ਪ੍ਰਦਾਨ ਕਰਨ ਲਈ ਸਾਲਾਨਾ ਲਗਭਗ 8,500 ਕਿਸਾਨਾਂ ਨੂੰ ਸਿਖਲਾਈ ਦਿੱਤੀ ਜਾਂਦੀ ਏ , ਜਿਸ ਨਾਲ ਸਾਲਾਨਾ ਲਗਭਗ 3,500 ਡੇਅਰੀ ਯੂਨਿਟ ਸਥਾਪਤ ਹੁੰਦੇ ਹਨ।

---------------------------------------------------------------------------------

ਪੰਜਾਬ ਸਰਕਾਰ ਨੇ ਸੂਬੇ ਦੇ ਨਾਗਰਿਕਾਂ ਨੂੰ ਡਰਾਈਵਿੰਗ ਲਾਇਸੈਂਸ ਅਤੇ ਵਾਹਨ ਰਜਿਸਟ੍ਰੇਸ਼ਨ ਨਾਲ ਸਬੰਧਤ 56 ਸਮਾਰਟ ਸੇਵਾਵਾਂ 24 ਘੰਟੇ ਉਪਲੱਬਧ ਕਰਵਾਈਆਂ ਨੇ ਜਿਨ੍ਹਾਂ ਦਾ ਲਾਭ ਪ੍ਰਾਰਥੀਆਂ ਵੱਲੋਂ ਆਨਲਾਈਨ ਅਪਲਾਈ ਕਰਕੇ ਜਾਂ ਸੇਵਾ ਕੇਂਦਰ ਰਾਹੀਂ ਜਾਂ ਫਿਰ 1076 ਹੈਲਪਲਾਈਨ ਨੰਬਰ 'ਤੇ ਕਾਲ ਕਰਕੇ ਆਪਣੇ ਘਰ ਵਿਖੇ ਹੀ ਲਿਆ ਜਾ ਸਕਦਾ ਏ । ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਸੂਬੇ ਦੇ ਨਾਗਰਿਕਾਂ ਲਈ ਇਹ ਸੇਵਾਵਾਂ ਵਿਭਾਗ ਦੀ ਸਾਈਟ ਰਾਹੀਂ www.parivahan.gov.in ਤੇ 24 ਘੰਟੇ ਦਿੱਤੀਆਂ ਜਾ ਰਹੀਆਂ ਨੇ । ਉਨ੍ਹਾਂ ਕਿਹਾ ਕਿ ਸੂਬੇ ਦੇ ਨਾਗਰਿਕ ਇਹ ਸੇਵਾਵਾਂ ਘਰ ਬੈਠੇ ਹੀ ਆਪਣੇ ਆਧਾਰ ਰਾਹੀਂ ਹਾਸਲ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ

ਡਰਾਈਵਿੰਗ ਲਾਇਸੈਂਸ ਅਤੇ ਆਰ.ਸੀ. ਦੇ ਸਮਾਰਟ ਕਾਰਡਾਂ ਦੀ ਚੰਡੀਗੜ੍ਹ ਵਿਖੇ ਇੱਕੋ ਥਾਂ ‘ਤੇ ਪ੍ਰਿੰਟਿੰਗ ਕਰਕੇ ਸਪੀਡ ਪੋਸਟ ਰਾਹੀਂ ਬਿਨੈਕਾਰ ਦੇ ਘਰ ਭੇਜਣ ਦੀ ਸਹੂਲਤ ਦਿੱਤੀ ਗਈ ਏ ।

---------------------------------------------------------------------------

ਚਮਕੌਰ ਸਾਹਿਬ ਦੀ ਇਤਿਹਾਸਿਕ ਨਗਰੀ ਵਿਖੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜਾਦਿਆਂ ਬਾਬਾ ਅਜੀਤ ਸਿੰਘ-ਬਾਬਾ ਜੁਝਾਰ ਸਿੰਘ, ਤਿੰਨ ਪਿਆਰੇ ਭਾਈ ਸਾਹਿਬ ਸਿੰਘ, ਭਾਈ ਮੋਹਕਮ ਸਿੰਘ, ਭਾਈ ਹਿਮੰਤ ਸਿੰਘ ਸਮੇਤ 40 ਸਿੰਘਾਂ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਤਿੰਨ ਰੋਜ਼ਾ ਸਹੀਦੀ ਜੋੜ ਮੇਲਾ ਅੱਜ ਸਮਾਪਤ ਹੋ ਗਿਆ । ਸ਼ਹੀਦੀ ਜੋੜ ਮੇਲੇ ਦੀ ਸਮਾਪਤੀ ਮੌਕੇ ਅੱਜ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸ੍ਰੋਮਣੀ ਕਮੇਟੀ ਵਲੋਂ ਪੰਜ ਪਿਆਰਿਆਂ ਦੀ ਅਗਵਾਹੀ ਅਤੇ ਸ੍ਰੀ ਗੁਰੁ ਗ੍ਰੰਥ ਸਾਹਿਬ ਦੀ ਛਤਰਛਾਇਆ ਹੇਠ ਗੁਰੂਦਵਾਰਾ ਸ੍ਰੀ ਗੜੀ ਸਾਹਿਬ ਤੋਂ ਰਵਾਇਤਨ ਨਗਰ ਕੀਰਤਨ ਸਜਾਇਆ ਗਿਆ | ਇਸ ਮੌਕੇ ਸਿੰਘ ਸਾਹਿਬ ਜਥੇਦਾਰ ਕੁਲਦੀਪ ਸਿੰਘ ਗੜ-ਗੱਜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਅਤੇ ਹੋਰ ਸਿੱਖ ਸੰਗਤ ਮੌਜੂਦ ਸਨ । ਇਹ ਨਗਰ ਕੀਰਤਨ ਗੁਰੂਦਵਾਰਾ ਗੜੀ ਸਾਹਿਬ ਤੋਂ ਆਰੰਭ ਹੋਇਆ ਅਤੇ ਸਥਾਨਕ ਸਾਰੇ ਗੁਰੂਦਵਾਰਾ ਸਾਹਿਬਾਂ ਕੋਲੋਂ ਗੁਜਰ ਕੇ ਗੁਰੂਦਵਾਰਾ ਕਤਲ ਗੜ ਸਾਹਿਬ

ਵਿਖੇ ਸਮਾਪਤ ਹੁੰਦਾ ਏ। ਇਸ ਦੌਰਾਨ ਲੱਖਾਂ ਸੰਗਤਾਂ ਚਮਕੌਰ ਸਾਹਿਬ ਵਿਖੇ ਸਥਿੱਤ ਗੁਰਦੁਆਰੇ ਸ੍ਰੀ ਕਤਲਗੜ੍ਹ ਸਾਹਿਬ , ਸ੍ਰੀ ਗੜ੍ਹੀ ਸਾਹਿਬ, ਸ੍ਰੀ ਦਮਦਮਾ ਸਾਹਿਬ ਸਮੇਤ ਗੁਰਦੁਆਰਾ ਸ੍ਰੀ ਤਾੜੀ ਸਾਹਿਬ,ਸ੍ਰੀ ਰਣਜੀਤ ਗੜ੍ਹ ਸਾਹਿਬ, ਸਹੀਦ ਬੁਰਜ ਬਾਬਾ ਜੀਵਨ ਸਿੰਘ, ਸ੍ਰੀ ਅਮਰਗੜ੍ਹ ਸਾਹਿਬ ਅਤੇ ਸ੍ਰੀ ਬੂੰਗਾ ਸਾਹਿਬ ਵਿਖੇ ਨਤਮਸਤਕ ਹੋਈਆਂ ਈ ਜਿਕਰਯੋਗ ਏ ਕੇ ਚਮਕੌਰ ਸਾਹਿਬ ਵਿਖੇ ਵੱਡੇ ਸਾਹਿਬਜਾਦਿਆਂ ਦੀ ਯਾਦ ਵਿਚ ਇਹ ਸ਼ਹੀਦੀ ਜੋੜ ਮੇਲਾ ਭਰਨ ਤੋਂ ਬਾਦ ਛੋਟੇ ਸਾਹਿਬਜਾਦੇਆਂ ਦੀ ਯਾਦ ਵਿਚ ਉਹਨਾਂ ਦੇ ਸ਼ਹੀਦੀ ਅਸਥਾਨ ਫਤਹਿਗੜ੍ਹ ਸਾਹਿਬ ਵਿਖੇ ਸ਼ਹੀਦੀ ਜੋੜ ਮੇਲਾ ਭਰਦਾ ਏ । ਅੱਜ ਨਿਹੰਗ ਸਿੰਘ ਜਥੇਬੰਦੀਆਂ ਦੇ ਵੱਲੋਂ ਸ਼ਹੀਦੀ ਜੋੜ ਮੇਲੇ ਦੇ ਸਮਾਪਤੀ ਮੌਕੇ ਖਾਲਸਾਈ ਖੇਡਾਂ ਦੇ ਜੰਗਜੂ ਕਰਤਵ ਵੀ ਦਿਖਾਏ ਗਏ। ਬਲਜੀਤ ਕੌਰ ਪੰਜਾਬ ਸਰਕਾਰ ਵੱਲੋਂ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਤਰਜੀਹ ਦਿੰਦਿਆਂ ਸਰਦੀਆਂ ਦੇ ਮੌਸਮ ਦੌਰਾਨ ਧੁੰਦ ਕਾਰਨ ਹੋਣ ਵਾਲੀਆਂ ਅਣਸੁਖਾਵੀਆਂ ਘਟਨਾਵਾਂ ਦੀ ਰੋਕਥਾਮ ਲਈ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ। ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਰਾਜ ਭਰ ਵਿੱਚ ਸੁਰੱਖਿਅਤ ਸਕੂਲ ਵਾਹਨ ਨੀਤੀ ਨੂੰ ਪੂਰੀ ਤਰ੍ਹਾਂ ਲਾਗੂ ਕਰਵਾਉਣ ਦੇ ਹੁਕਮ ਦਿੱਤੇ ਹਨ। ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰ ਦੀ

ਸਪਸ਼ਟ ਨੀਤੀ ਏ  ਕਿ ਸੂਬੇ ਦਾ ਹਰ ਬੱਚਾ ਸੁਰੱਖਿਅਤ ਮਾਹੌਲ ਵਿੱਚ ਘਰ ਤੋਂ ਸਕੂਲ ਅਤੇ ਸਕੂਲ ਤੋਂ ਘਰ ਵਾਪਸ ਪਹੁੰਚੇ। ਇਸੇ ਦ੍ਰਿਸ਼ਟੀਕੋਣ ਅਧੀਨ ਸਰਦੀਆਂ ਅਤੇ ਧੁੰਦ ਦੇ ਮੌਸਮ ਦੌਰਾਨ ਸਕੂਲ ਵਾਹਨਾਂ ਨਾਲ ਸੰਬੰਧਿਤ ਸਾਰੇ ਸੁਰੱਖਿਆ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਈ ਜਾ ਰਹੀ ਏ।

-----------------------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਸਾਈਕਲ ਰਾਈਡਰਜ਼ ਕਲੱਬ ਦੇ ਮੈਂਬਰ ਗੁਰਪ੍ਰੀਤ ਸਿੰਘ ਕਮੋਂ ਨੂੰ ਸਾਈਕਲਿੰਗ ਜ਼ਰੀਏ ਡੇਢ ਲੱਖ ਕਿਲੋਮੀਟਰ ਸਫ਼ਰ ਪੂਰਾ ਕਰਨ ਲਈ ਵਿਸ਼ੇਸ਼ ਤੌਰ ‘ਤੇ ਸਨਮਾਨਿਤ ਕੀਤਾ। ਜ਼ਿਕਰਯੋਗ ਏ ਕਿ ਗੁਰਪ੍ਰੀਤ ਸਿੰਘ ਕਮੋਂ ਪਿਛਲੇ 5 ਤੋਂ 6 ਸਾਲਾਂ ਤੋਂ ਸਾਈਕਲਿੰਗ ਦੇ ਖੇਤਰ ਵਿੱਚ ਸਰਗਰਮ ਨੇ  ਅਤੇ ਉਨ੍ਹਾਂ ਦਾ 100 ਦਿਨਾਂ ਲਈ 100 ਕਿਲੋਮੀਟਰ ਪ੍ਰਤੀ ਦਿਨ ਸਾਈਕਲਿੰਗ ਦਾ ਰਿਕਾਰਡ ਏਸ਼ੀਆ ਬੁੱਕ ਅਤੇ ਇੰਡੀਆ ਬੁੱਕ ਆਫ਼ ਰਿਕਾਰਡਜ਼ ਵਿੱਚ ਦਰਜ ਏ। ਸਪੀਕਰ ਨੇ ਦੱਸਿਆ ਕਿ ਗੁਰਪ੍ਰੀਤ ਸਿੰਘ ਕਮੋਂ ਨੇ 50 ਦੇ ਕਰੀਬ ਸਾਈਕਲਿੰਗ ਮੁਕਾਬਲਿਆਂ ਵਿੱਚ ਹਿੱਸਾ ਲੈਂਦਿਆਂ ਫਰੀਦਕੋਟ ਜ਼ਿਲ੍ਹੇ ਲਈ ਨਾਮਣਾ ਖੱਟਿਆ ਏ। ਇਸਦੇ ਨਾਲ ਹੀ ਉਨ੍ਹਾਂ ਨੇ ਸੁਪਰ ਰੈਨਡੋ-ਨੀਅਰ ਦਾ ਖ਼ਿਤਾਬ ਅਤੇ ਸਟਾਰ ਇੰਡੀਪੈਂਡੈਂਟ ਐਵਾਰਡ

ਵੀ ਜਿੱਤਿਆ ਏ। ਕੁਲਤਾਰ ਸਿੰਘ ਸੰਧਵਾਂ ਨੇ ਸਿਹਤਮੰਦ ਜੀਵਨ ਜਿਊਣ ਲਈ ਲੋਕਾਂ ਖਾਸਕਰ ਨੌਜਵਾਨਾਂ ਤੇ ਬੱਚਿਆਂ ਨੂੰ ਕਸਰਤ, ਸੈਰ ਕਰਨ ਅਤੇ ਸਾਈਕਲ ਚਲਾਉਣ ਦੀ ਅਪੀਲ ਕੀਤੀ ।

---------------------------------------------------------------------------------

ਅੰਮ੍ਰਿਤਸਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ "ਨਸ਼ਿਆਂ ਖਿਲਾਫ ਨੌਜਵਾਨ " ਮੁਹਿੰਮ ਤਹਿਤ ਅੱਜ ਇੱਕ ਵਾਕਾਥਾਨ ਦਾ ਆਯੋਜਨ ਕੀਤਾ ਗਿਆ। ਵਾਕਾਥਾਨ ਨੂੰ ਜਿਲ੍ਹਾ ਅਤੇ ਸੈਸ਼ਨਜ਼ ਜੱਜ ਜਤਿੰਦਰ ਕੌਰ ਨੇ ਰਵਾਨਾ ਕੀਤਾ । ਇਸ ਵਾਕਾਥਾਨ ਜ਼ਿਲ੍ਹਾ ਅਦਾਲਤਾਂ ਤੋਂ ਸਰੂਪ ਰਾਣੀ ਸਰਕਾਰੀ ਕਾਲਜ ਵਿੱਚ ਸਮਾਪਤ ਹੋਈ । ਵਾਕਾਥਾਨ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰੂਕ ਕਰਨਾ ਅਤੇ ਸਮਾਜ ਵਿੱਚ ਨਸ਼ਾ ਵਿਰੋਧੀ ਮਾਹੌਲ ਤਿਆਰ ਕਰਨਾ ਸੀ । ਸਕੂਲ ਅਤੇ ਕਾਲਜ ਦੇ 500 ਤੋਂ ਵੱਧ ਵਿਦਿਆਰਥੀਆਂ ਨੇ ਨਸ਼ਿਆਂ ਖਿਲਾਫ਼ ਨਾਅਰੇ ਲਗਾਏ ਅਤੇ ਸਮਾਜ ਨੂੰ ਜਾਗਰੂਕ ਕਰਨ ਦਾ ਸੁਨੇਹਾ ਦਿੱਤਾ। ਵਾਕਾਥਾਨ ਦੇ ਉਪਰੰਤ ਸਰੂਪ ਰਾਣੀ ਸਰਕਾਰੀ ਕਾਲਜ ਵਿੱਚ ਇੱਕ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਡਿਪਟੀ ਕਮਿਸ਼ਨਰ  ਦਲਵਿੰਦਰਜੀਤ ਸਿੰਘ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਆਸ-ਪਾਸ ਦੇ ਲੋਕਾਂ ਨੂੰ

ਵੀ ਇਸ ਬੁਰਾਈ ਦੇ ਖਿਲਾਫ਼ ਜਾਗਰੂਕ ਕਰਨ, ਤਾਂ ਜੋ ਇੱਕ ਖੁਸ਼ਹਾਲ ਅਤੇ ਸਿਹਤਮੰਦ ਸਮਾਜ ਦੀ ਰਚਨਾ ਕੀਤੀ ਜਾ ਸਕੇ।

BYTE

ਇੱਕ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ, ਜਿਸ ਵਿੱਚ ਨਸ਼ਿਆਂ ਦੇ ਵਿਅਕਤੀ, ਪਰਿਵਾਰ ਅਤੇ ਸਮਾਜ ਉੱਤੇ ਪੈਂਦੇ ਭਿਆਨਕ ਪ੍ਰਭਾਵਾਂ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ।

---------------------------------------------------------------------------

ਨਹਿਰੂ ਯੁਵਾ ਕੇਂਦਰ ਨਾਲ ਸੰਬੰਧਿਤ ਸੰਸਥਾ ਕਲਾ ਸੁਮਨ ਰੰਗ ਮੰਚ ਵੱਲੋਂ ਤਰਨ ਤਾਰਨ ਦੇ ਸਕੂਲ ਆਫ ਐਮੀਨੈਂਸ ਵਿਖੇ ਵੰਦੇ ਮਾਤਰਮ ਦੇ 150 ਸਾਲਾ ਵਰੇ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਕੋਰਿਓਗ੍ਰਾਫੀ ਰਾਹੀਂ ਨੌਜਵਾਨਾਂ ਵਿੱਚ ਦੇਸ਼ ਸੇਵਾ ਦਾ ਜਜ਼ਬੇ ਭਰਿਆ ਗਿਆ। ਸਮਾਗਮ ਵਿੱਚ ਕਲਾ ਸਮਨ ਰੰਗ ਮੰਚ ਦੇ ਨਿਰਦੇਸ਼ਕ ਠਾਕੁਰ ਰਮੇਸ਼ ਸਿੰਘ ਚੰਦੇਲ ਨੇ ਵਿਦਿਆਰਥੀਆਂ ਨੂੰ ਕੇਂਦਰ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਵਿਦਿਆਰਥੀਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਮੱਗਰ ਸ਼ਿਕਸ਼ਾ, ਪ੍ਰਧਾਨ ਮੰਤਰੀ ਪੋਸ਼ਣ ਸਕੀਮ ਵਰਗੀਆਂ ਵੱਖ ਵੱਖ ਲਾਭਕਾਰੀ ਸਕੀਮਾਂ ਦੀ ਜਾਣਕਾਰੀ ਦਿੱਤੀ ।

---------------------------------------------------------------------------

ਦਿੱਲੀ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸੰਘਣੀ ਧੁੰਦ ਕਾਰਨ ਅੱਜ

ਕਈ ਉਡਾਣਾਂ ਅਤੇ ਰੇਲਗੱਡੀਆਂ ਦੇ ਸੰਚਾਲਨ ਵਿੱਚ ਵਿਘਨ ਪਿਆ। ਆਕਾਸ਼ਵਾਣੀ ਨਾਲ ਗੱਲ ਕਰਦੇ ਹੋਏ, ਦਿੱਲੀ ਹਵਾਈ ਅੱਡੇ ਦੇ ਇੱਕ ਅਧਿਕਾਰੀ ਨੇ ਦੱਸਿਆ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਘੱਟ ਦਿਖਤਾ ਕਾਰਨ ਲਗਭਗ 10 ਉਡਾਣਾਂ ਰੱਦ ਕਰ ਦਿੱਤੀਆਂ ਗਈਆਂ। ਦਿੱਲੀ ਰੇਲਵੇ ਡਿਵੀਜ਼ਨ ਨੇ ਦੱਸਿਆ ਕਿ ਅੱਜ ਦਿੱਲੀ ਜਾਣ ਵਾਲੀਆਂ ਕਈ ਰੇਲਗੱਡੀਆਂ ਦਾ ਸੰਚਾਲਨ ਵੀ ਪ੍ਰਭਾਵਿਤ ਹੋਇਆ। ਉਨ੍ਹਾਂ ਦੱਸਿਆ ਕਿ ਲਗਭਗ 17 ਰੇਲਗੱਡੀਆਂ ਤਿੰਨ ਘੰਟੇ ਤੋਂ ਵੱਧ ਦੇਰੀ ਨਾਲ ਆਈਆਂ।

---------------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਤੇ ਉੱਤਰਾਖੰਡ ਵਿੱਚ ਸੀਤ ਲਹਿਰ ਵਗਣ ਦੀ ਪੇਸ਼ੀਨਗੋਈ ਕੀਤੀ ਏ ।

---------------------------------------------------------------------------

ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਸ੍ਰੀਲੰਕਾ ਵਿਚਕਾਰ ਪੰਜ twenty-twenty ਮੈਚਾਂ ਦੀ ਲੜੀ ਦਾ ਦੂਜਾ ਮੈਚ ਭਲਕੇ ਵਿਸ਼ਾਖਾਪਟਨਮ ਵਿੱਚ ਖੇਡਿਆ ਜਾਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਭਾਰਤ ਨੇ ਲੜੀ ਵਿੱਚ, 1-0 ਨਾਲ ਲੀਡ ਹਾਸਿਲ ਕਰ ਲਈ ਏ। ਕਪਤਾਨ

ਹਰਮਨਪ੍ਰੀਤ ਕੌਰ ਦੀ ਅਗਵਾਈ ਵਾਲੀ ਭਾਰਤੀ ਟੀਮ ਨੇ ਬੀਤੀ ਰਾਤ ਵਿਸ਼ਾਖਾਪਟਨਮ ਵਿੱਚ, ਪਹਿਲੇ twenty-twenty ਮੈਚ ਵਿੱਚ ਸ਼੍ਰੀਲੰਕਾ ਨੂੰ 8 ਵਿਕਟਾਂ ਨਾਲ ਹਰਾਇਆ।

---

- ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ ਇਤਿਹਾਸਕ ਮੁਕਤ ਵਪਾਰ ਸਮਝੌਤਾ ਸਫਲਤਾਪੂਰਵਕ ਸਮਾਪਤ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਸਮਝੌਤੇ ਨੇ ਆਉਣ ਵਾਲੇ ਪੰਜ ਸਾਲਾਂ ਵਿੱਚ, ਦੁਵੱਲੇ ਵਪਾਰ ਨੂੰ ਦੁੱਗਣਾ ਕਰਨ ਲਈ ਮੰਚ ਤਿਆਰ ਕੀਤਾ ਏ।
- ਪੰਜਾਬ ਦੇ ਕੈਬਿਨੇਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਇਜ਼ਰਾਈਲ ਦੇ ਮੰਤਰੀ ਨਾਲ ਮੁਲਾਕਾਤ ਕਰਕੇ ਪਾਣੀ ਦੀ ਸੰਭਾਲ ਬਾਰੇ ਉੱਨਤ ਇਜ਼ਰਾਈਲੀ ਤਕਨੀਕਾਂ ਨੂੰ ਅਪਣਾਉਣ 'ਤੇ ਚਰਚਾ ਕੀਤੀ।
- ਚਮਕੌਰ ਸਾਹਿਬ ਵਿਖੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜਾਦਿਆਂ ਅਤੇ ਤਿੰਨ ਪਿਆਰੇਆਂ ਸਮੇਤ 40 ਸਿੰਘਾਂ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਤਿੰਨ ਦਿਨਾਂ ਸ਼ਹੀਦੀ ਜੋੜ ਮੇਲਾ ਅੱਜ ਸਮਾਪਤ ਹੋਇਆ I

- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਉੱਤਰਾਖੰਡ ਸਮੇਤ ਕਈ ਸੂਬਿਆਂ ਵਿੱਚ ਸੀਤ ਲਹਿਰ ਦੀ ਪੇਸ਼ੀਨਗੋਈ ਕੀਤੀ - ਸੰਘਣੀ ਧੁੰਦ ਕਾਰਨ ਕਈ ਉਡਾਣਾਂ ਅਤੇ ਰੇਲਗੱਡੀਆਂ ਪ੍ਰਭਾਵਿਤ ਹੋਈਆਂ।
- ਮਹਿਲਾ ਕ੍ਰਿਕੇਟ ਵਿੱਚ, ਭਾਰਤ ਅਤੇ ਸ਼੍ਰੀਲੰਕਾ ਦਰਮਿਆਨ ਪੰਜ twenty-twenty ਮੈਚਾਂ ਦੀ ਲੜੀ ਦਾ ਦੂਜਾ ਮੈਚ ਕੱਲ ਨੂੰ ਵਿਸ਼ਾਖਾਪਟਨਮ ਵਿੱਚ ਖੇਡਿਆ ਜਾਵੇਗਾ I

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 6 ਵੱਜਕੇ 20 ਮਿੰਟ 'ਤੇ ਨਮਸਕਾਰ !**